ਗੂਜਰੀ ਮਹਲਾ ੫ ਦੁਪਦੇ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਪਤਿਤ ਪਵਿਤ੍ਰ ਲੀਏ ਕਰਿ ਅਪੁਨੇ ਸਗਲ ਕਰਤ ਨਮਸਕਾਰੋ ॥ ਬਰਨੁ ਜਾਤਿ ਕੋਊ ਪੂਛੈ ਨਾਹੀ ਬਾਛਹਿ ਚਰਨ ਰਵਾਰੋ ॥੧॥ ਠਾਕੁਰ ਐਸੋ ਨਾਮੁ ਤੁਮ੍ਾਰੋ ॥ ਸਗਲ ਸ੍ਰਿਸਟਿ ਕੋ ਧਣੀ ਕਹੀਜੈ ਜਨ ਕੋ ਅੰਗੁ ਨਿਰਾਰੋ ॥੧॥ ਰਹਾਉ ॥ ਸਾਧਸੰਗਿ ਨਾਨਕ ਬੁਧਿ ਪਾਈ ਹਰਿ ਕੀਰਤਨੁ ਆਧਾਰੋ ॥ ਨਾਮਦੇਉ ਤ੍ਰਿਲੋਚਨੁ ਕਬੀਰ ਦਾਸਰੋ ਮੁਕਤਿ ਭਇਓ ਚੰਮਿਆਰੋ ॥੨॥੧॥੧੦॥ {ਪੰਨਾ 498}

ਪਦਅਰਥ:- ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ ਬੰਦੇ। ਲੀਏ ਕਰਿ—ਬਣਾ ਲਏ। ਬਰਨੁ—(ਬ੍ਰਾਹਮਣ ਖੱਤ੍ਰੀ ਆਦਿਕ) ਵਰਨ। ਕੋਊ—ਕੋਈ ਭੀ। ਬਾਛਹਿ—ਚਾਹੁੰਦੇ ਹਨ, ਮੰਗਦੇ ਹਨ। ਰਵਾਰੋ—ਧੂੜ।1।

ਠਾਕੁਰ—ਹੇ ਠਾਕੁਰ! ਐਸੋ—ਅਜੇਹੀ ਸਮਰਥਾ ਵਾਲਾ। ਧਣੀ—ਮਾਲਕ। ਕਹੀਜੈ—ਅਖਵਾਂਦਾ ਹੈ। ਜਨ ਕੋ—ਦਾਸ ਦਾ। ਅੰਗੁ—ਪੱਖ। ਨਿਰਾਰੋ—ਨਿਰਾਲਾ, ਅਨੋਖਾ।1। ਰਹਾਉ।

ਬੁਧਿ—ਸੁਚੱਜੀ ਅਕਲ। ਆਧਾਰੋ—ਆਸਰਾ। ਦਾਸਰੋ—ਨਿਮਾਣਾ ਜਿਹਾ ਦਾਸ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਚੰਮਿਆਰੋ—ਰਵਿਦਾਸ ਚਮਿਆਰ।2।

ਅਰਥ:- ਹੇ ਮਾਲਕ-ਪ੍ਰਭੂ! ਤੂੰ ਆਪਣੇ ਸੇਵਕ ਦਾ ਅਨੋਖਾ ਹੀ ਪੱਖ ਕਰਦਾ ਹੈਂ, ਤੇਰਾ ਨਾਮ ਅਸਚਰਜ ਸ਼ਕਤੀ ਵਾਲਾ ਹੈ (ਤੇਰੇ ਨਾਮ ਦੀ ਬਰਕਤਿ ਨਾਲ ਤੇਰਾ ਸੇਵਕ) ਸਾਰੀ ਦੁਨੀਆ ਦਾ ਮਾਲਕ ਅਖਵਾਣ ਲੱਗ ਪੈਂਦਾ ਹੈ।1। ਰਹਾਉ।

ਹੇ ਭਾਈ! ਵਿਕਾਰਾਂ ਵਿਚ ਡਿੱਗੇ ਹੋਏ ਜਿਨ੍ਹਾਂ ਬੰਦਿਆਂ ਨੂੰ ਪਵਿਤ੍ਰ ਕਰ ਕੇ ਪਰਮਾਤਮਾ ਆਪਣੇ (ਦਾਸ) ਬਣਾ ਲੈਂਦਾ ਹੈ, ਸਾਰੀ ਲੁਕਾਈ ਉਹਨਾਂ ਅੱਗੇ ਸਿਰ ਨਿਵਾਂਦੀ ਹੈ। ਕੋਈ ਨਹੀਂ ਪੁੱਛਦਾ ਉਹਨਾਂ ਦਾ ਵਰਨ ਕੇਹੜਾ ਹੈ ਉਹਨਾਂ ਦੀ ਜਾਤਿ ਕੇਹੜੀ ਹੈ। ਸਭ ਲੋਕ ਉਹਨਾਂ ਦੇ ਚਰਨਾਂ ਦੀ ਧੂੜ ਮੰਗਦੇ ਹਨ।1।

ਹੇ ਨਾਨਕ! ਜੇਹੜਾ ਮਨੁੱਖ ਸਾਧ ਸੰਗਤਿ ਵਿਚ ਆ ਕੇ (ਸੁਚੱਜੀ) ਅਕਲ ਪ੍ਰਾਪਤ ਕਰ ਲੈਂਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਉਸ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦਾ ਹੈ। (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਹੀ) ਨਾਮਦੇਵ, ਤ੍ਰਿਲੋਚਨ, ਕਬੀਰ, ਰਵਿਦਾਸ ਚਮਾਰ—ਹਰੇਕ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਪ੍ਰਾਪਤ ਕਰ ਗਿਆ।2।1।10।